ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

**ਪੰਜਾਬ ਸਰਕਾਰ ਹਰ ਪੱਧਰ 'ਤੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਉਤਸ਼ਾਹਿਤ ਕਰਨ ਲਈ ਵਚਨਬੱਧ-ਡਿਪਟੀ ਕਮਿਸ਼ਨਰ**

- **ਜ਼ਿਲ੍ਹੇ ਦੀਆਂ 96,847 ਵਿਦਿਆਰਥਣਾਂ ਨੂੰ 2.88 ਕਰੋੜ ਰੁਪਏ ਦੀ ਹਾਜ਼ਰੀ ਵਜੀਫ਼ੇ ਵਜੋਂ ਕੀਤੀ ਗਈ ਅਦਾਇਗੀ**
- **ਪ੍ਰਾਇਮਰੀ ਸਕੂਲਾਂ 'ਚ ਅਨੁਸੂਚਿਤ ਜਾਤੀ ਦੀਆਂ ਪੜ੍ਹ ਰਹੀਆਂ ਲੜਕੀਆਂ ਨੂੰ ਦਿੱਤਾ ਜਾ ਰਿਹੈ ਹਾਜ਼ਰੀ ਵਜ਼ੀਫ਼ਾ**

ਮੋਗਾ ਫ਼ਰਵਰੀ 24:

ਪੰਜਾਬ ਸਰਕਾਰ ਹਰ ਪੱਧਰ 'ਤੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਉਤਸ਼ਾਹਿਤ ਕਰਨ ਲਈ ਵਚਨਬੱਧ ਹੈ ਅਤੇ ਪ੍ਰਾਇਮਰੀ ਸਕੂਲਾਂ 'ਚ ਅਨੁਸੂਚਿਤ ਜਾਤੀ ਦੀਆਂ ਪੜ੍ਹ ਰਹੀਆਂ ਲੜਕੀਆਂ ਨੂੰ ਹਾਜ਼ਰੀ ਵਜ਼ੀਫ਼ਾ ਦਿੱਤਾ ਜਾ ਰਿਹਾ ਹੈ।

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੋਗਾ ਸ. ਕੁਲਦੀਪ ਸਿੰਘ ਵੈਦ ਨੇ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ 'ਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਗੰਭੀਰ ਯਤਨ ਜਾਰੀ ਹਨ। ਇਸ ਮੌਕੇ ਉਨ੍ਹਾਂ ਨਾਲ ਜ਼ਿਲਾ ਸਿੱਖਿਆ ਅਫ਼ਸਰ (ਐ.ਸਿੱ) ਜਸਪਾਲ ਸਿੰਘ ਔਲਖ ਵੀ ਮੌਜੂਦ ਸਨ।

ਇਸ ਸਬੰਧੀ ਵਿਸਥਾਰ ਪੂਰਵਿਕ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਹਿਲੀ ਤੋਂ ਪੰਜਵੀਂ ਸ੍ਰੇਣੀ ਤੱਕ ਅਨੁਸੂਚਿਤ ਜਾਤੀ ਨਾਲ ਸਬੰਧਤ ਲੜਕੀਆਂ ਨੂੰ ਹਾਜ਼ਰੀ ਵਜ਼ੀਫ਼ਾ ਪ੍ਰਦਾਨ ਕੀਤਾ ਜਾਂਦਾ ਹੈ, ਬਸ਼ਰਤੇ ਕਿ ਵਿਦਿਆਰਥਣ ਦੀ ਸਕੂਲ ਵਿੱਚ ਸਲਾਨਾ ਹਾਜ਼ਰੀ ਘੱਟੋ-ਘੱਟ 75 ਫ਼ੀਸਦੀ ਹੋਵੇ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ, 2007 ਤੋਂ 31 ਦਸੰਬਰ, 2015 ਤੱਕ 1,54,332 ਲਾਭਪਾਤਰੀਆਂ ਨੂੰ 8 ਕਰੋੜ 19 ਲੱਖ 34 ਹਜ਼ਾਰ 943 ਰੁਪਏ ਹਾਜ਼ਰੀ ਵਜ਼ੀਫ਼ਾ ਵੰਡਿਆ ਗਿਆ। ਉਨ੍ਹਾਂ ਦੱਸਿਆ ਕਿ 1 ਅਪ੍ਰੈਲ 2012 ਤੋਂ 31 ਦਸੰਬਰ, 2015 ਤੱਕ 57,485 ਲਾਭਪਾਤਰੀਆਂ ਨੂੰ 5 ਕਰੋੜ 31 ਲੱਖ 33 ਹਜ਼ਾਰ 594 ਰੁਪਏ, ਜਦ ਕਿ 1 ਅਪ੍ਰੈਲ 2007 ਤੋਂ 31 ਮਾਰਚ, 2012 ਤੱਕ 96,847 ਲਾਭਪਾਤਰੀਆਂ ਨੂੰ 2 ਕਰੋੜ 88 ਲੱਖ 01 ਹਜ਼ਾਰ 549 ਰੁਪਏ ਬਤੌਰ ਹਾਜ਼ਰੀ ਵਜੀਫ਼ੇ ਦੀ ਅਦਾਇਗੀ ਕੀਤੀ ਗਈ। ਉਨ੍ਹਾਂ ਦੱਸਿਆ

ਸ. ਵੈਦ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਇਸ ਸਕੀਮ ਤਹਿਤ ਜਿੱਥੇ ਗਰੀਬ ਵਰਗ ਦੀਆਂ ਵਿਦਿਆਰਥਣਾਂ ਨੂੰ ਆਰਥਿਕ ਤੌਰ 'ਤੇ ਵਿੱਤੀ ਸਹਾਇਤਾ ਮਿਲ ਰਹੀ ਹੈ, ਉੱਥੇ ਪ੍ਰਾਇਮਰੀ ਸਕੂਲਾਂ 'ਚ ਪੜ੍ਹ ਰਹੀਆਂ ਲੜਕੀਆਂ ਦੀ ਗਿਣਤੀ ਵਿੱਚ ਵੀ ਸੁਧਾਰ ਹੋਇਆ ਹੈ ਅਤੇ ਲੜਕੀਆਂ ਦੀ ਰੋਜ਼ਾਨਾ ਹਾਜ਼ਰੀ ਦੇ ਰੁਝਾਨ 'ਚ ਵੀ ਵਾਧਾ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸਕੂਲਾਂ 'ਚ ਵਿਦਿਆਰਥੀਆਂ ਨੂੰ ਮੁਫ਼ਤ ਕਿਤਾਬਾਂ ਅਤੇ ਵਰਦੀਆਂ ਵੀ ਉਪਲੱਭਧ ਕਰਵਾਈਆਂ ਜਾ ਰਹੀਆਂ ਹਨ, ਤਾਂ ਜੋ ਪੈਸੇ ਦੀ ਥੁੜੋਂ ਕੋਈ ਵੀ ਬੱਚਾ ਸਿੱਖਿਆ ਤੋਂ ਵਾਂਝਾ ਨਾ ਰਹੇ।

-------------------

ਨੰ: ਪੀ.ਆਰ(ਪ੍ਰੈ ਰੀ)2016/101